# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :16-06-2026**

- ਰਾਸ਼ਟਰੀ ਜਾਂਚ ਏਜੰਸੀ (NIA) ਨੇ ਅੰਮ੍ਰਿਤਸਰ ‘ਚ, ਲਸ਼ਕਰ-ਏ-ਤੋਇਬਾ (LeT) ਦੇ ਇੱਕ ਕਾਰਕੁੰਨ ਨਾਲ ਸੰਬੰਧਿਤ, ਇੱਕ ਘਰ ਨੂੰ ਜ਼ਬਤ ਕੀਤਾ ਏ ।
- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਇੱਕ ਉੱਚ-ਪੱਧਰੀ ਮੀਟਿੰਗ ‘ਚ ਸਾਉਣੀ ਰੁਤ 2026 ਲਈ ਦੇਸ਼ ਭਰ ਵਿੱਚ ਤਿਆਰੀਆਂ ਦਾ ਵਿਸਥਾਰ ਪੂਰਨ ਜਾਇਜ਼ਾ ਲਿਆ.
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ, ਪੰਜਾਬ ਭਰ ਦੀਆਂ ਔਰਤ ਸਰਕਾਰੀ ਮੁਲਾਜ਼ਮਾਂ ਲਈ ਵੱਡੀ ਰਾਹਤ ਦਾ ਐਲਾਨ. ਗਰੁੱਪ ਸੀ ਅਤੇ ਡੀ ਸ਼੍ਰੇਣੀਆਂ ਦੀਆਂ ਔਰਤ ਮੁਲਾਜ਼ਮਾਂ ਨੂੰ ਘਰਾਂ ਤੋਂ ਵੱਧ ਤੋਂ ਵੱਧ 40 ਕਿਲੋਮੀਟਰ ਦੇ ਦਾਇਰੇ ਅੰਦਰ ਹੀ ਤਾਇਨਾਤ ਕੀਤਾ ਜਾਵੇਗਾ।

- ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ "ਮਿਸ਼ਨ ਕਲੀਨ ਪੰਜਾਬ" ਤਹਿਤ ਬੀਤੀ ਅੱਧੀ ਰਾਤ ਅੰਮ੍ਰਿਤਸਰ 'ਚ ਰਾਤਰੀ ਸਫ਼ਾਈ ਮੁਹਿੰਮ ਦਾ ਜਾਇਜ਼ਾ ਲਿਆ।
- ਔਰਤਾਂ ਦੀ ਹਾਕੀ ਵਿੱਚ, ਭਾਰਤ ਨੇ, ਨਿਊਜ਼ੀਲੈਂਡ 'ਚ ਹੋ ਰਹੇ FIH ਹਾਕੀ ਨੇਸ਼ਨਜ਼ ਕੱਪ ਦੇ ਸੈਮੀਫਾਈਨਲ ਵਿੱਚ ਥਾਂ ਬਣਾ ਲਈ ਏ.

---------------------------------------------------

ਰਾਸ਼ਟਰੀ ਜਾਂਚ ਏਜੰਸੀ (NIA) ਨੇ ਅੰਮ੍ਰਿਤਸਰ, ਵਿੱਚ ਇੱਕ ਘਰ ਨੂੰ ਜ਼ਬਤ ਕਰ ਲਿਆ ਏ, ਜੋ ਕਥਿਤ ਤੌਰ 'ਤੇ ਲਸ਼ਕਰ-ਏ-ਤੋਇਬਾ (LeT) ਦੇ ਇੱਕ ਕਾਰਕੁੰਨ ਨਾਲ ਇੱਕ ਅੰਤਰਰਾਸ਼ਟਰੀ ਨਾਰਕੋ-ਦਹਿਸ਼ਤਗਰਦੀ ਨੈੱਟਵਰਕ ਮਾਮਲੇ ਵਿੱਚ ਜੁੜਿਆ ਹੋਇਆ ਏ, ਜਿਸ ਦੇ ਸੰਬੰਧ ਕਈ ਦੇਸ਼ਾਂ ਵਿੱਚ ਫੈਲੇ ਹੋਏ ਨੇ. NIA ਨੇ ਕਿਹਾ ਕਿ ਇਹ ਜਾਇਦਾਦ ਮੁਲਜ਼ਮ ਅੰਕੁਸ਼ ਕਪੂਰ ਦੇ ਪਿਤਾ ਦੇ ਨਾਂ 'ਤੇ ਰਜਿਸਟਰ ਕੀਤੀ ਗਈ ਸੀ, ਜੋ ਕਿ ਇਟਲੀ, ਆਸਟ੍ਰੇਲੀਆ, ਈਰਾਨ, ਥਾਈਲੈਂਡ, UAE ਅਤੇ ਪਾਕਿਸਤਾਨ ਸਮੇਤ ਹੋਰ ਦੇਸ਼ਾਂ ਵਿੱਚ ਫੈਲੇ ਨਾਰਕੋ-ਦਹਿਸ਼ਤਗਰਦੀ ਨੈੱਟਵਰਕ ਦਾ ਭਾਰਤ ਵਿੱਚ ਇੱਕ ਮੁੱਖ ਕਾਰਕੁੰਨ ਸੀ। ਏਜੰਸੀ ਨੇ ਦੱਸਿਆ ਕਿ ਜਾਂਚ ਵਿੱਚ ਅੰਕੁਸ਼ ਦੇ ਦੁਬਈ ਸਥਿਤ ਇੱਕ ਮੁਲਜ਼ਮ ਨਾਲ ਕਥਿਤ ਸਬੰਧਾਂ ਦਾ ਖੁਲਾਸਾ ਹੋਇਆ ਏ ਜੋ ਪਾਬੰਦੀਸ਼ੁਦਾ ਦਹਿਸ਼ਤਗਰਦ

ਧੜੇ LeT ਨਾਲ ਜੁੜਿਆ ਹੋਇਆ ਏ। ਇਸ ਵਿੱਚ ਅੱਗੇ ਕਿਹਾ ਗਿਆ ਏ ਕਿ ਅੰਕੁਸ਼, ਜਿਸਨੂੰ ਪਿਛਲੇ ਸਾਲ ਗ੍ਰਿਫਤਾਰ ਕੀਤਾ ਗਿਆ ਸੀ, ਨਸ਼ੀਲੇ ਪਦਾਰਥਾਂ ਦੀ ਕਥਿਤ ਤਸਕਰੀ, ਆਵਾਜਾਈ, ਭੰਡਾਰ ਅਤੇ ਵੰਡ ਨਾਲ ਸਬੰਧਿਤ  ਸਾਜ਼ਿਸ਼ ਦਾ ਇੱਕ ਬਹੁਤ ਮਹੱਤਵਪੂਰਨ ਕਾਰਕੁੰਨ ਪਾਇਆ ਗਿਆ ਸੀ, ਇਸ ਤੋਂ ਇਲਾਵਾ ਓਹ ਵੱਖ-ਵੱਖ ਦੇਸ਼ਾਂ ਵਿੱਚ ਮੁਲਜ਼ਮਾਂ ਨੂੰ ਦਹਿਸ਼ਤਗਰਦੀ ਦੀ ਕਮਾਈ ਦੀ ਲਾਂਡਰਿੰਗ ਵੀ ਕਰਦਾ ਸੀ. ਇਹ ਵੀ ਸਾਹਮਣੇ ਆਇਆ ਏ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਤੋਂ ਪ੍ਰਾਪਤ ਕਮਾਈ ਦੀ ਵਰਤੋਂ ਇੱਕ ਪੇਚੀਦਾ ਅਤੇ ਵਿਆਪਕ ਮਾਲੀ ਨੈੱਟਵਰਕ ਰਾਹੀਂ ਭਾਰਤ ਵਿੱਚ ਦਹਿਸ਼ਤਗਦੀ ਗਤੀਵਿਧੀਆਂ ਨੂੰ ਰਕਮਾਂ ਅਤੇ ਹਮਾਇਤ ਦੇਣ ਲਈ ਕੀਤੀ ਜਾ ਰਹੀ ਸੀ। ਦਹਿਸ਼ਤਗਰਦੀ ਵਿਰੋਧੀ ਏਜੰਸੀ ਨੇ ਪਹਿਲਾਂ ਅੰਕੁਸ਼ 'ਤੇ ਐਨ ਡੀ ਪੀ ਐਸ ਕਾਨੂੰਨ ਅਤੇ ਆਈ ਪੀ ਸੀ ਤਹਿਤ, ਅਪਰਾਧਾਂ ਤੋਂ ਇਲਾਵਾ ਦਹਿਸ਼ਤਗਰਦੀ ਲਈ ਰਕਮਾਂ ਜੁਟਾਉਣ ਸੰਬੰਧੀ ਗਤੀਵਿਧੀਆਂ, ਅਪਰਾਧਿਕ ਸਾਜ਼ਿਸ਼ ਅਤੇ ਗੈਰ-ਕਾਨੂੰਨੀ ਅਤੇ ਦਹਿਸ਼ਤਗਰਦੀ ਨੈੱਟਵਰਕਾਂ ਨੂੰ ਹਮਾਇਤ ਪ੍ਰਦਾਨ ਕਰਨ ਵਿੱਚ ਉਸਦੀ ਭੂਮਿਕਾ ਲਈ ਦੋਸ਼ ਲਾਏ ਸਨ। ਐਨ ਆਈ ਏ ਨੇ ਇਹ ਵੀ ਕਿਹਾ ਕਿ ਇਸ ਮਾਮਲੇ ਵਿੱਚ ਹੁਣ ਤੱਕ ਕੁੱਲ 26 ਮੁਲਜ਼ਮਾਂ ਨੂੰ ਚਾਰਜਸ਼ੀਟ ਕੀਤਾ ਗਿਆ ਏ , ਜਿਸ ਵਿੱਚ ਜਾਂਚ ਜਾਰੀ ਏ।

---------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ ਇੱਕ ਉੱਚ-ਪੱਧਰੀ ਖੇਤੀਬਾੜੀ ਸਮੀਖਿਆ ਮੀਟਿੰਗ ਕੀਤੀ ਅਤੇ ਸਾਉਣੀ ਰੁਤ 2026 ਲਈ ਦੇਸ਼ ਭਰ ਵਿੱਚ ਤਿਆਰੀਆਂ ਦੀ ਵਿਸਥਾਰ ਪੂਰਨ ਜਾਇਜ਼ਾ ਲਿਆ । ਖੇਤੀਬਾੜੀ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਸੰਭਾਵਿਤ ਅਲ ਨੀਨੋ ਸਥਿਤੀਆਂ ਦੇ ਸੰਦਰਭ ਵਿੱਚ, ਉਨ੍ਹਾਂ ਨੇ ਕਪਾਹ ਦੇ ਉਤਪਾਦਨ ਨੂੰ ਵਧਾਉਣ, ਦਾਲਾਂ ਵਿੱਚ ਸਵੈ-ਨਿਰਭਰਤਾ ਪ੍ਰਾਪਤ ਕਰਨ ਅਤੇ ਘੱਟ ਬਾਰਿਸ਼ ਵਾਲੇ ਜ਼ਿਲ੍ਹਿਆਂ ਲਈ ਅਗਾਊਂ ਸੰਕਟਕਾਲੀਨ ਯੋਜਨਾਵਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਨੇ ਸਪੱਸ਼ਟ ਸੰਦੇਸ਼ ਦਿੱਤਾ ਕਿ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਏ । ਮੀਟਿੰਗ ਵਿੱਚ ਇਹ ਯਕੀਨੀ ਬਣਾਉਣ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਕਿ ਰੁਤ ਦੌਰਾਨ ਪੈਦਾ ਹੋਣ ਵਾਲੀਆਂ ਕਿਸੇ ਤਰ੍ਹਾਂ ਦੀਆਂ ਵੀ ਮੌਸਮੀ ਸਥਿਤੀਆਂ ਤੋਂ ਖੇਤੀਬਾੜੀ ਅਤੇ ਕਿਸਾਨਾਂ ਦੀ ਰਾਖੀ ਲਈ ਸਾਰੇ ਜ਼ਰੂਰੀ ਕਦਮ ਪਹਿਲਾਂ ਤੋਂ ਚੁੱਕੇ ਜਾਣ। ਸ਼੍ਰੀ ਚੌਹਾਨ ਨੇ ਸਪੱਸ਼ਟ ਨਿਰਦੇਸ਼ ਦਿੱਤੇ ਕਿ ਉਨ੍ਹਾਂ ਜ਼ਿਲ੍ਹਿਆਂ ਵਿੱਚ, ਜਿੱਥੇ ਘੱਟ ਬਾਰਿਸ਼ ਦੀ ਸੰਭਾਵਨਾ ਏ, ਪੂਰੀ ਤਿਆਰੀ ਪਹਿਲਾਂ ਤੋਂ ਹੀ ਕੀਤੀ ਜਾਣੀ ਚਾਹੀਦੀ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪਾਣੀ ਦੀ ਸੰਭਾਲ, ਨਮੀ ਪ੍ਰਤੀ ਪ੍ਰਬੰਧ, ਅੰਤਰ-ਫਸਲੀ ਅਤੇ ਵਿਕਲਪਿਕ ਫਸਲੀ ਪੈਟਰਨਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਏ ।

---------------------------------------------------------

ਪੰਜਾਬ ਭਰ ਦੀਆਂ ਔਰਤ ਸਰਕਾਰੀ ਮੁਲਾਜ਼ਮਾਂ ਲਈ ਵੱਡੀ ਰਾਹਤ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਗਰੁੱਪ ਸੀ ਅਤੇ ਡੀ ਸ਼੍ਰੇਣੀਆਂ ਨਾਲ ਸਬੰਧਿਤ ਔਰਤ ਮੁਲਾਜ਼ਮਾਂ, ਜਿਨ੍ਹਾਂ ਵਿੱਚ ਸਟਾਫ਼ ਨਰਸਾਂ, ਔਰਤ ਪੁਲਿਸ ਮੁਲਾਜ਼ਮ ਅਤੇ ਹੋਰ ਯੋਗ ਮੁਲਾਜ਼ਮ ਸ਼ਾਮਲ ਨੇ, ਨੂੰ ਉਨ੍ਹਾਂ ਦਾ ਪਰਖ-ਕਾਲ ਸਮਾਂ ਪੂਰਾ ਹੋਣ ਉਪਰੰਤ ਉਨ੍ਹਾਂ ਦੇ ਘਰਾਂ ਤੋਂ ਵੱਧ ਤੋਂ ਵੱਧ 40 ਕਿਲੋਮੀਟਰ ਦੇ ਦਾਇਰੇ ਅੰਦਰ ਹੀ ਤਾਇਨਾਤ ਕੀਤਾ ਜਾਵੇਗਾ। ਇਹ ਫ਼ੈਸਲਾ, ਜਿਸ ਦਾ ਉਦੇਸ਼ ਔਰਤ ਮੁਲਾਜ਼ਮਾਂ ਦੇ ਨਿੱਜੀ ਜੀਵਨ ਅਤੇ ਦਫ਼ਤਰੀ ਕੰਮ ਦਰਮਿਆਨ ਸੰਤੁਲਨ ਨੂੰ ਬਿਹਤਰ ਬਣਾਉਣਾ ਏ , ਨੂੰ ਇਤਿਹਾਸਕ ਮੁਲਾਜ਼ਮ-ਪੱਖੀ ਪਹਿਲ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਮੁਲਾਜ਼ਮਾਂ, ਔਰਤਾਂ, ਨੌਜਵਾਨਾਂ ਅਤੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਦ੍ਰਿੜਤਾ ਨਾਲ ਵਚਨਬੱਧ ਏ । ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਧਿਕਾਰੀਆਂ ਨੂੰ ਇਸ ਪਹਿਲਕਦਮੀ ਨੂੰ ਲਾਗੂ ਕਰਨ ਲਈ ਢਾਂਚਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਜਾ ਚੁੱਕੇ ਨੇ.

---------------------------------------------------------

MISSION CLEAN PUNJAB BAINS

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ “ਮਿਸ਼ਨ ਕਲੀਨ ਪੰਜਾਬ” ਤਹਿਤ ਬੀਤੀ ਅੱਧੀ ਰਾਤ ਕਰੀਬ 1 ਵਜੇ ਨੂੰ ਅੰਮ੍ਰਿਤਸਰ ਦੇ ਅੰਦਰੂਨ ਸ਼ਹਿਰ ਦੀਆਂ ਗਲੀਆਂ ਵਿੱਚ ਜਾ ਕੇ ਨਵੀਂ ਸ਼ੁਰੂ ਕੀਤੀ ਗਈ ਰਾਤਰੀ ਸਫ਼ਾਈ ਮੁਹਿੰਮ ਦਾ ਜਾਇਜ਼ਾ ਲਿਆ ।

ਮੰਤਰੀ ਨੇ ਕਿਹਾ, “ਅੰਮ੍ਰਿਤਸਰ ਸਿਰਫ਼ ਇੱਕ ਸ਼ਹਿਰ ਨਹੀਂ, ਸਗੋਂ ਰੂਹਾਨੀਅਤ ਦਾ ਕੇਂਦਰ ਏ ।” ਉਨ੍ਹਾਂ ਦੱਸਿਆ ਕਿ ਹੁਣ ਪਹਿਲੀ ਵਾਰ ਸਫ਼ਾਈ ਕਾਰਜ ਦਿਨ ਦੇ ਸਮੇਂ ਤੱਕ ਸੀਮਿਤ ਨਹੀਂ ਰਹੇਗਾ। ਰੋਜ਼ਾਨਾ ਰਾਤ 10 ਵਜੇ ਤੋਂ ਤੜਕੇ 2 ਵਜੇ ਤੱਕ ਵਿਸ਼ੇਸ਼ ਸਫ਼ਾਈ ਸ਼ਿਫ਼ਟ ਚਲਾਈ ਜਾ ਰਹੀ ਏ ਤਾਂ ਜੋ ਸ੍ਰੀ ਹਰਿਮੰਦਰ ਸਾਹਿਬ ਵਿਖੇ ਅੰਮ੍ਰਿਤ ਵੇਲੇ ਦਰਸ਼ਨਾਂ ਲਈ ਆਉਣ ਵਾਲੀ ਸੰਗਤ ਨੂੰ ਸਾਫ਼-ਸੁਥਰੀਆਂ ਸੜ੍ਹਕਾਂ ਮਿਲ ਸਕਣ । ਸਫ਼ਾਈ ਮੁਹਿੰਮ ਦਾ ਜਾਇਜ਼ਾ ਲੈਣ ਉਪਰੰਤ ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਇਹ ਇੱਕ ਰਾਤ ਦਾ ਪ੍ਰੋਗਰਾਮ ਨਹੀਂ ਏ । ਉਹ ਕਿਸੇ ਵੀ ਰਾਤ ਅਚਨਚੇਤ ਨਿਰੀਖਣ ਕਰਨਗੇ ਤਾਂ ਜੋ ਪਵਿੱਤਰ ਸ਼ਹਿਰ ਦੀ ਸਫ਼ਾਈ ਨੂੰ ਯਕੀਨੀ ਬਣਾਇਆ ਜਾ ਸਕੇ।

ਮੰਤਰੀ ਨੇ ਅਮ੍ਰਿਤਸਰ ਵਿੱਚ ਕਈ ਘੰਟੇ ਬਿਤਾਏ ਅਤੇ ਸ੍ਰੀ ਦਰਬਾਰ ਸਾਹਿਬ ਦੇ ਆਲੇ-ਦੁਆਲੇ ਦੇ ਇਲਾਕਿਆਂ ਦਾ ਪੈਦਲ ਦੌਰਾ ਕੀਤਾ। ਉਨ੍ਹਾਂ ਨੇ ਸੈਕੰਡਰੀ ਕੂੜਾ ਇਕੱਤਰ ਕਰਨ ਵਾਲੇ ਸਥਾਨਾਂ ਦੀ ਸਫ਼ਾਈ ਦਾ ਜਾਇਜ਼ਾ ਲਿਆ, ਤੰਗ ਗਲੀਆਂ ਵਿੱਚ ਘਰ-ਘਰ ਕੂੜਾ ਇਕੱਠਾ ਕਰਨ ਦੀ ਪ੍ਰਕਿਰਿਆ ਦੀ ਨਿਗਰਾਨੀ ਕੀਤੀ. ਉਨ੍ਹਾਂ ਨੇ ਰਾਤ ਦੀ ਡਿਊਟੀ ਕਰ ਰਹੇ

ਸਫ਼ਾਈ ਮੁਲਾਜ਼ਮਾਂ ਨਾਲ ਵੀ ਗੱਲਬਾਤ ਕਰਕੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਜਾਣਕਾਰੀ ਲਈ। ਸ਼੍ਰੀ ਬੈਂਸ ਨੇ ਇਹ ਵੀ ਕਿਹਾ ਕਿ ਅੰਮ੍ਰਿਤਸਰ ਦੀ ਸਫ਼ਾਈ ਸਿਰਫ਼ ਨਾਗਰਿਕ ਫਰਜ਼ ਨਹੀਂ ਏ । ਗੁਰੂ ਸਾਹਿਬ ਨਾਲ ਸੰਬੰਧਿਤ ਇਸ ਪਵਿੱਤਰ ਨਗਰੀ ਦੀ ਸੇਵਾ ਕਰਨਾ ਸਾਡੇ ਲਈ ਸੇਵਾ ਭਾਵਨਾ ਦਾ ਪ੍ਰਤੀਕ ਏ । ਸ਼੍ਰੀ ਬੈਂਸ ਨੇ ਕਿਹਾ ਕਿ "ਮਿਸ਼ਨ ਕਲੀਨ ਪੰਜਾਬ" ਲੋਕਾਂ ਦੇ ਸਹਿਯੋਗ ਤੋਂ ਬਿਨਾਂ ਸਫ਼ਲ ਨਹੀਂ ਹੋ ਸਕਦਾ.

---------------------------------------------------------

ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਸਪੱਸ਼ਟ ਕੀਤਾ ਏ ਕਿ ਤਜਵੀਜ਼ਸ਼ੁਦਾ ਪੱਛਮੀ ਏਸ਼ੀਆ-ਭਾਰਤ ਡੂੰਘੇ ਸਾਗਰ ਦੀ ਊਰਜਾ ਪਾਈਪਲਾਈਨ ਸੰਬੰਧੀ ਕੋਈ ਤਜਵੀਜ਼ ਮੰਤਰਾਲੇ ਕੋਲ ਵਿਚਾਰ ਗੋਚਰੇ ਨਹੀਂ ਏ. ਮੀਡੀਆ ਖਬਰਾਂ ਦੇ ਜਵਾਬ ਵਿੱਚ, ਮੰਤਰਾਲੇ ਨੇ ਕਿਹਾ ਕਿ ਅਜਿਹੇ ਪ੍ਰੋਜੈਕਟ ਬਾਰੇ ਓਮਾਨ ਜਾਂ ਕਿਸੇ ਹੋਰ ਖਾੜੀ ਦੇਸ਼ ਨਾਲ ਕਿਸੇ ਵੀ ਪੱਧਰ 'ਤੇ ਕੋਈ ਚਰਚਾ ਨਹੀਂ ਹੋ ਰਹੀ ਏ ।

---------------------------------------------------------

ਅੰਮ੍ਰਿਤਸਰ ਦੀ ਡਰੀਮ ਸਿਟੀ ਕਲੋਨੀ ਵਿੱਚ ਜੰਮੂ ਪੁਲਿਸ ਅਤੇ ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਸਾਂਝਾ ਆਪਰੇਸ਼ਨ ਚਲਾਇਆ ਗਿਆ ਜਿਸ ਦੌਰਾਨ ਇੱਕ ਕਾਲੋਨੀ ਦੇ ਇੱਕ ਫਲੈਟ ਦੀ ਤਲਾਸ਼ੀ ਦੌਰਾਨ ਏਕੇ-47 ਹਥਿਆਰ ਅਤੇ ਡਰੱਗ ਬਰਾਮਦ ਹੋਣ ਦੀ ਜਾਣਕਾਰੀ ਸਾਹਮਣੇ

ਆਈ ਏ। ਕਾਰਵਾਈ ਦੌਰਾਨ ਪੁਲਿਸ ਨੇ ਫਲੈਟ ਵਿੱਚੋਂ ਦੋ ਨੌਜਵਾਨਾਂ ਨੂੰ ਵੀ ਕਾਬੂ ਕੀਤਾ ਏ। ਉਨ੍ਹਾਂ ਦੇ ਵਾਹਨਾਂ ਨੂੰ ਵੀ ਪੁਲਿਸ ਨੇ ਆਪਣੇ ਕਬਜ਼ੇ ਵਿੱਚ ਲੈ ਲਿਆ ਏ। ਫਲੈਟ ਮਾਲਕ ਤੋਂ ਵੀ ਪੁੱਛਗਿੱਛ ਕੀਤੀ ਜਾ ਰਹੀ ਏ। ਪੁਲਿਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਜਾਰੀ ਏ.

---------------------------------------------------------------

ਔਰਤਾਂ ਬਾਰੇ ਰਾਸ਼ਟਰੀ ਕਮਿਸ਼ਨ ਦੇ ਚੇਅਰਪਰਸਨ ਸ੍ਰੀਮਤੀ ਵਿਜਯਾ ਰਹਾਟਕਾਰ ਨੇ ਅੱਜ ਕਮਿਸ਼ਨ ਦੀ “ਰਾਸ਼ਟਰੀ- ਮਹਿਲਾ ਆਪਕੇ ਦੁਆਰ” ਪਹਿਲ ਤਹਿਤ ਰੂਪਨਗਰ ਦਾ ਦੌਰਾ ਕੀਤਾ। ਇਸ ਦੌਰੇ ਦੌਰਾਨ ਉਨ੍ਹਾਂ ਵੱਲੋਂ ਔਰਤਾਂ ਲਈ ਜਨ ਸੁਣਵਾਈ, ਜੇਲ੍ਹ ਦਾ ਨਿਰੀਖਣ, ਪੋਸ਼ ਕਾਨੂੰਨ ਸਬੰਧੀ ਵਰਕਸ਼ਾਪ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਿਸ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗਾਂ ਕੀਤੀਆਂ ਗਈਆਂ। ਮਹਿਲਾ ਜਨ ਸੁਣਵਾਈ ਦੌਰਾਨ ਰੂਪਨਗਰ ਅਤੇ ਮੋਹਾਲੀ ਜ਼ਿਲ੍ਹਿਆਂ ਨਾਲ ਸੰਬੰਧਿਤ ਕਰੀਬ 40 ਮਾਮਲਿਆਂ ਦੀ ਸੁਣਵਾਈ ਕੀਤੀ ਗਈ, ਜਿਸ ਦੌਰਾਨ ਡਿਪਟੀ ਕਮਿਸ਼ਨਰਾਂ, ਜ਼ਿਲ੍ਹਾ ਪੁਲਿਸ ਮੁਖੀ, ਜਾਂਚ ਅਧਿਕਾਰੀਆਂ ਅਤੇ ਹੋਰ ਸਬੰਧਿਤ ਅਧਿਕਾਰੀਆਂ ਦੀ ਸ਼ਮੂਲੀਅਤ ਦੇਖੀ ਗਈ. ਮਾਮਲਿਆਂ ਦੀ ਸਮੀਖਿਆ ਕਰਦੇ ਹੋਏ ਚੇਅਰਪਰਸਨ ਨੇ ਪੁਲਿਸ ਅਧਿਕਾਰੀਆਂ ਨੂੰ ਨਿਰਧਾਰਿਤ ਸਮੇਂ ਅੰਦਰ ਚੁੱਕੇ ਗਏ ਕਦਮਾਂ ਬਾਰੇ ਰਿਪੋਰਟਾਂ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਅਤੇ ਕੁਝ ਮਾਮਲਿਆਂ ਵਿੱਚ ਤਿੰਨ ਦਿਨਾਂ ਅੰਦਰ ਕਾਰਵਾਈ ਕਰਨ ਲਈ ਕਿਹਾ।

--------------------------------------------------

--------------------------------------------------

ਪੰਜਾਬ ਪੁਲਿਸ ਵੱਲੋਂ ਅੱਜ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਅਤੇ ਨਿਰਜਲਾ ਇਕਾਦਸ਼ੀ ਦੇ ਪਵਿੱਤਰ ਮੌਕੇ ਮਾਨਵਤਾ ਪ੍ਰਤੀ ਸੇਵਾ ਅਤੇ ਕੁਰਬਾਨੀ ਨੂੰ ਨਮਨ ਕਰਦਿਆਂ 'ਛਬੀਲ' ਲਾਈ ਗਈ। ਪੰਜਾਬ ਪੁਲਿਸ ਨੇ ਗੁਰੂ ਸਾਹਿਬ ਵੱਲੋਂ ਦਿੱਤੇ ਨਿਰਸਵਾਰਥ ਸੇਵਾ ਅਤੇ ਸਦਭਾਵਨਾ ਦੇ ਸਿਧਾਂਤ ‘ਤੇ ਚੱਲਦਿਆਂ ਲੋਕਾਂ ਨੂੰ ਛਬੀਲ ਦਾ ਠੰਡਾ-ਮਿੱਠਾ ਜਲ ਛਕਾਇਆ । ਇਸ ਪਵਿੱਤਰ ਮੌਕੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਤਪਦੀ ਗਰਮੀ ਵਿਚ ਰਾਹਤ ਪ੍ਰਦਾਨ ਕਰਨ ਲਈ ਰਾਹਗੀਰਾਂ ਨੂੰ ਠੰਡਾ-ਮਿੱਠਾ ਜਲ ਛਕਾਉਣ ਦੀ ਸੇਵਾ ਵਿਚ ਸਰਗਰਮੀ ਨਾਲ ਹਿੱਸਾ ਲਿਆ। ਇਸ ਮੌਕੇ ਬੋਲਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀਆਂ ਸਦੀਵੀ ਸਿੱਖਿਆਵਾਂ ਸਾਨੂੰ ਹਮੇਸ਼ਾ ਸਮਰਪਣ, ਹਮਦਰਦੀ ਅਤੇ ਨਿਰਸਵਾਰਥ ਭਾਵਨਾ ਨਾਲ ਸਮਾਜ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ ।

--------------------------------------------------

ਔਰਤਾਂ ਦੇ ਹਾਕੀ ਵਿੱਚ, ਭਾਰਤ ਨੇ ਨਿਊਜ਼ੀਲੈਂਡ 'ਚ ਹੋ ਰਹੇ FIH ਹਾਕੀ ਨੇਸ਼ਨਜ਼ ਕੱਪ ਦੇ ਸੈਮੀਫਾਈਨਲ ਵਿੱਚ ਥਾਂ ਬਣਾ ਲਈ ਏ। ਆਪਣੇ ਦੂਜੇ ਪੂਲ -A ਮੈਚ ਵਿੱਚ, ਭਾਰਤ ਨੇ ਜਾਪਾਨ ਨੂੰ 2-1 ਨਾਲ ਹਰਾਇਆ।ਭਾਰਤ ਦਾ ਅਗਲਾ ਮੁਕਾਬਲਾ ਵੀਰਵਾਰ ਨੂੰ ਉਰੂਗਵੇ ਨਾਲ ਹੋਵੇਗਾ, ਮਰਦਾਂ ਦੇ ਹਾਕੀ ਮੁਕਾਬਲੇ ਵਿੱਚ, ਭਾਰਤ ਕੱਲ੍ਹ ਨੀਦਰਲੈਂਡ ਦੇ ਰੋਟਰਡਮ ਵਿੱਚ ਹੋ ਰਹੀ FIH ਹਾਕੀ ਪ੍ਰੋ ਲੀਗ ਵਿੱਚ ਜਰਮਨੀ ਖਿਲਾਫ ਖੇਡੇਗਾ। ਇਸ ਤੋਂ ਪਹਿਲਾਂ, ਐਤਵਾਰ ਨੂੰ, ਭਾਰਤ ਨੂੰ ਨੀਦਰਲੈਂਡ ਨੇ 2-3 ਨਾਲ ਹਰਾਇਆ ਸੀ।

---------------------------------------------------

- ਰਾਸ਼ਟਰੀ ਜਾਂਚ ਏਜੰਸੀ (NIA) ਨੇ ਅੰਮ੍ਰਿਤਸਰ 'ਚ, ਲਸ਼ਕਰ-ਏ-ਤੋਇਬਾ (LeT) ਦੇ ਇੱਕ ਕਾਰਕੁੰਨ ਨਾਲ ਸੰਬੰਧਿਤ, ਇੱਕ ਘਰ ਨੂੰ ਜ਼ਬਤ ਕੀਤਾ.
- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਇੱਕ ਉੱਚ-ਪੱਧਰੀ ਮੀਟਿੰਗ 'ਚ ਸਾਉਣੀ ਰੁਤ 2026 ਲਈ ਦੇਸ਼ ਭਰ ਵਿੱਚ ਤਿਆਰੀਆਂ ਦਾ ਵਿਸਥਾਰ ਪੂਰਨ ਜਾਇਜ਼ਾ ਲਿਆ.

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ, ਪੰਜਾਬ ਭਰ ਦੀਆਂ ਔਰਤ ਸਰਕਾਰੀ ਮੁਲਾਜ਼ਮਾਂ ਲਈ ਵੱਡੀ ਰਾਹਤ ਦਾ ਐਲਾਨ. ਗਰੁੱਪ ਸੀ ਅਤੇ ਡੀ ਸ਼੍ਰੇਣੀਆਂ ਦੀਆਂ ਔਰਤ ਮੁਲਾਜ਼ਮਾਂ ਨੂੰ ਘਰਾਂ ਤੋਂ ਵੱਧ ਤੋਂ ਵੱਧ 40 ਕਿਲੋਮੀਟਰ ਦੇ ਦਾਇਰੇ ਅੰਦਰ ਹੀ ਤਾਇਨਾਤ ਕੀਤਾ ਜਾਵੇਗਾ।
- ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ “ਮਿਸ਼ਨ ਕਲੀਨ ਪੰਜਾਬ” ਤਹਿਤ ਬੀਤੀ ਅੱਧੀ ਰਾਤ ਅੰਮ੍ਰਿਤਸਰ ‘ਚ ਰਾਤਰੀ ਸਫ਼ਾਈ ਮੁਹਿੰਮ ਦਾ ਜਾਇਜ਼ਾ ਲਿਆ ।
- ਔਰਤਾਂ ਦੀ ਹਾਕੀ ਵਿੱਚ, ਭਾਰਤ ਨੇ, ਨਿਊਜ਼ੀਲੈਂਡ 'ਚ ਹੋ ਰਹੇ FIH ਹਾਕੀ ਨੇਸ਼ਨਜ਼ ਕੱਪ ਦੇ ਸੈਮੀਫਾਈਨਲ ਵਿੱਚ ਥਾਂ ਬਣਾ ਲਈ ਏ.

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ 7 ਵਜੇ ਹੋਏਗਾ**

**ਨਮਸ੍ਕਾਰ**